# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 06-10-2024**

- Bਜੰਮੂਂ ਕਸ਼ਮੀਰ ਅਤੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ, ਮੰਗਲਵਾਰ ਨੂੰ ਹੋਣ ਵਾਲੀ ਵੋਟਾਂ ਦੀ ਗਿਣਤੀ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ।
- ਪੰਜਾਬ ਦੇ ਸਹਿਕਾਰੀ ਬੈਂਕਾਂ ਵਲੋਂ ਸੂਬੇ ਭਰ ਵਿੱਚ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਕਰਜ਼ਾ ਯੋਜਨਾ ਦੀ ਸ਼ੁਰੂਆਤ ।
- 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਅਤੇ ਮਾਤਾ ਗੁਜਰੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ।
- ਭਾਰਤ ਅਤੇ ਬੰਗਲਾਦੇਸ਼ ਵਿਚਾਲੇ ਮਰਦਾਂ ਦਾ ਤਿੰਨ ਟੀ-20 ਕ੍ਰਿਕਟ ਲੜੀ ਦਾ ਪਹਿਲਾ ਮੈਚ ਅੱਜ ਸ਼ਾਮ 7 ਵਜੇ ਗਵਾਲੀਅਰ 'ਚ ਖੇਡਿਆ ਜਾਵੇਗਾ ।

---

ਜੰਮੂ-ਕਸ਼ਮੀਰ ਅਤੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਮੰਗਲਵਾਰ ਨੂੰ ਹੋਣ ਵਾਲੀ ਵੋਟਾਂ ਦੀ ਗਿਣਤੀ ਦੀਆਂ ਤਿਆਰੀਆਂ ਜ਼ੋਰਾਂ ਨਾਲ ਚੱਲ ਰਹੀਆਂ ਨੇ। ਵੋਟਾਂ ਦੀ ਸੁਚਾਰੂ ਗਿਣਤੀ ਲਈ ਹਰਿਆਣਾ ਅਤੇ ਜੰਮੂ-ਕਸ਼ਮੀਰ ਦੇ ਸਾਰੇ ਗਿਣਤੀ ਕੇਂਦਰਾਂ 'ਤੇ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਨੇ। ਹਰਿਆਣਾ ਵਿਧਾਨ ਸਭਾ ਚੋਣਾਂ ਵਿੱਚ ਕਰੀਬ 67 ਫੀਸਦੀ ਵੋਟਾਂ ਪਈਆਂ। ਸੂਬੇ ਦੇ ਸਾਰੇ 90 ਹਲਕਿਆਂ 'ਚ ਕੱਲ੍ਹ ਵੋਟਿੰਗ ਹੋਈ। ਵੋਟਿੰਗ ਪ੍ਰਕਿਰਿਆ ਦੇ ਸ਼ਾਂਤੀਪੂਰਵਕ ਸੰਪੰਨ ਹੋਣ ਤੋਂ ਬਾਅਦ, ਹੁਣ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਨੂੰ ਤਿੰਨ ਪੱਧਰਾਂ ਦੀ ਸਖ਼ਤ ਸੁਰੱਖਿਆ ਹੇਠ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਟਰਾਂਗ ਰੂਮਾਂ ਵਿੱਚ ਸੁਰੱਖਿਅਤ ਰੱਖਿਆ ਗਿਆ ਏ । ਸਾਡੇ ਪੱਤਰਕਾਰ ਨੇ ਦੱਸਿਆ ਏ ਕਿ 8 ਅਕਤੂਬਰ ਨੂੰ ਚੋਣ ਅਧਿਕਾਰੀਆਂ, ਉਮੀਦਵਾਰਾਂ ਅਤੇ ਅਬਜ਼ਰਵਰਾਂ ਦੀ ਹਾਜ਼ਰੀ ਵਿੱਚ ਸਟਰਾਂਗ ਰੂਮ ਖੋਲ੍ਹੇ ਜਾਣਗੇ। ਈ.ਵੀ.ਐਮ ਨੂੰ ਸੀਸੀਟੀਵੀ ਕੈਮਰਿਆਂ ਦੀ ਨਿਗਰਾਨੀ ਅਤੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਸਟਰਾਂਗ ਰੂਮ ਵਿੱਚ ਰੱਖਿਆ ਗਿਆ ਏ।

-----------------------------------------------------------------

ਪਟਿਆਲਾ ਜ਼ਿਲ੍ਹੇ ਦੇ ਚੋਣ ਆਬਜ਼ਰਵਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਪਿੰਡਾਂ ਦਾ ਦੌਰਾ ਕਰਕੇ ਪੰਚਾਇਤੀ ਚੋਣਾਂ ਦੀ ਚੱਲ ਰਹੀ ਪ੍ਰਕਿਰਿਆ ਦਾ ਜਾਇਜ਼ਾ ਲਿਆ। ਉਨ੍ਹਾਂ ਬਲਾਕ ਭੁਨਰਹੇੜੀ ਦੇ ਪਿੰਡ ਜਵਾਲਾਪੁਰ ਉਰਫ ਉਲਟਪੁਰ ਪੁੱਜੇ, ਜਿਹੜਾ ਕਿ ਪੰਜਾਬ ਦਾ ਇਕਲੌਤਾ ਪਿੰਡ ਏ ਜਿਸ ਵਿੱਚ 2 ਅਕਤੂਬਰ 1959 ਨੂੰ ਪੰਚਾਇਤੀ ਰਾਜ ਸ਼ੁਰੂ ਹੋਣ ਤੋਂ ਬਾਅਦ, ਅੱਜ ਤੱਕ ਕੋਈ ਚੋਣ ਨਹੀਂ ਹੋਈ । ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੇ ਪਿੰਡ ਨੇ ਸਰਬ-ਸੰਮਤੀ ਨਾਲ ਕੀਤੀ ਚੋਣ ਨਾਲ ਬਾਕੀ ਪਿੰਡਾਂ ਲਈ ਵੀ ਮਿਸਾਲ ਕਾਇਮ ਕੀਤੀ ਏ ਏ ।ਇਸ ਮੌਕੇ ਸਰਬਸੰਮਤੀ ਨਾਲ ਚੁਣੇ ਗਏ ਸਰਪੰਚ ਸਿਮਰ ਸਿੰਘ ਨੇ ਆਕਾਸ਼ਵਾਣੀ ਜਲੰਧਰ ਨਾਲ ਗੱਲਬਾਤ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ ।

BYTE: ਉਨ੍ਹਾਂ ਨੇ ਸਾਰੇ ਰਿਟਰਨਿੰਗ ਅਧਿਕਾਰੀਆਂ ਨੂੰ, ਗ੍ਰਾਮ ਪੰਚਾਇਤਾਂ ਦੀਆਂ ਹੋਣ ਵਾਲੀਆਂ ਆਮ ਚੋਣਾਂ ਦੇ ਸਮੁੱਚੇ ਅਮਲ ਨੂੰ ਪੂਰੀ ਨਿਰਪੱਖਤਾ,

ਪਾਰਦਰਸ਼ਤਾ ਤੇ ਨਿਰਵਿਘਨ ਢੰਗ ਨਾਲ ਨੇਪਰੇ ਚੜ੍ਹਾਉਣ ਦੇ ਹੁਕਮ ਵੀ ਦਿੱਤੇ।

---------------------------------------------------------------------

ਭਾਰਤੀ ਹਵਾਈ ਸੈਨਾ ਦੀ 92ਵੀਂ ਵਰ੍ਹੇਗੰਢ ਦੇ ਜਸ਼ਨਾਂ ਦੀ ਸ਼ੁਰੂਆਤ, ਚੇਨਈ ਵਿੱਚ 72 ਲੜਾਕੂ ਜਹਾਜ਼ਾਂ ਅਤੇ ਹੈਲੀਕਾਪਟਰਾਂ ਦੀ ਸ਼ਾਨਦਾਰ ਪ੍ਰਦਰਸ਼ਨੀ ਨਾਲ ਹੋਈ। 21 ਸਾਲਾਂ ਬਾਅਦ ਕਰਵਾਏ ਇਸ ਸ਼ੋਅ ਨੂੰ ਦੇਖਣ ਲਈ ਮਰੀਨਾ ਬੀਚ 'ਤੇ ਲੱਖਾਂ ਦਰਸ਼ਕ ਇਕੱਠੇ ਹੋਏ। ਭਾਰਤੀ ਹਵਾਈ ਸੈਨਾ ਦੇ ਚੇਤਕ, ਰਾਫੇਲ, ਡਕੋਟਾ, ਹਾਰਵਰਡ, ਐਮ.ਆਈ.ਜੀ ਅਤੇ ਜੈਗੁਆਰ ਨੇ ਏਅਰ ਸ਼ੋਅ ਦੌਰਾਨ ਸ਼ਾਨਦਾਰ ਕਰਤਬ ਦਿਖਾਏ ਅਤੇ ਆਪਣੀ ਤਾਕਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਵਿੱਚ ਤਾਮਿਲਨਾਡੂ ਦੇ ਮੁੱਖ ਮੰਤਰੀ ਐਮ. ਕੇ. ਸਟਾਲਿਨ, ਉਪ ਮੁੱਖ ਮੰਤਰੀ ਉਧਯਨਿਧੀ ਸਟਾਲਿਨ, ਰਾਜ ਮੰਤਰੀਆਂ ਅਤੇ ਰੱਖਿਆ ਬਲਾਂ ਦੇ ਉੱਚ ਅਧਿਕਾਰੀਆਂ ਨੇ ਸ਼ਿਰਕਤ ਕੀਤੀ।

---------------------------------------------------------------------

ਪਰਾਲੀ ਨੂੰ ਅੱਗ ਲਾਉਣ ਦੇ ਖ਼ਤਰੇ ਨਾਲ ਨਜਿੱਠਣ ਲਈ ਪੰਜਾਬ ਭਰ ਦੇ ਸਹਿਕਾਰੀ ਬੈਂਕਾਂ ਨੇ 'ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਕਰਜ਼ਾ ਯੋਜਨਾ' ਸ਼ੁਰੂ ਕੀਤੀ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਦਾ ਮੁੱਖ ਮੰਤਵ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਢੁਕਵੇਂ ਪ੍ਰਬੰਧਨ ਲਈ ਮਸ਼ੀਨਰੀ ਖਰੀਦਣ ਲਈ ਕਰਜ਼ਾ ਆਸਾਨੀ ਨਾਲ ਉਪਲਬਧ ਕਰਵਾਉਣਾ ਏ ਤਾਂ ਜੋ ਪਰਾਲੀ ਸਾੜਨ ਨਾਲ ਹੋਣ ਵਾਲੇ ਵਾਤਾਵਰਨ ਪ੍ਰਦੂਸ਼ਣ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਇਹ ਯੋਜਨਾ ਸੂਬਾ ਸਹਿਕਾਰੀ ਬੈਂਕ ਚੰਡੀਗੜ੍ਹ ਅਤੇ ਜ਼ਿਲ੍ਹਾ ਸਹਿਕਾਰੀ ਬੈਂਕਾਂ ਦੀਆਂ 802 ਸ਼ਾਖਾਵਾਂ ਵਿੱਚ ਸ਼ੁਰੂ ਕੀਤੀ ਗਈ ਏ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨ ਸਰਲ ਅਤੇ ਆਸਾਨ ਵਿਧੀ ਰਾਹੀਂ ਇਸ ਸਕੀਮ ਦਾ ਲਾਭ ਲੈ ਸਕਦੇ ਨੇ। ਮੁੱਖ ਮੰਤਰੀ ਨੇ ਕਿਹਾ ਕਿ ਪਿੰਡਾਂ ਦੀਆਂ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਅਤੇ ਹੋਰ ਅਗਾਂਹਵਧੂ ਕਿਸਾਨ ਇਸ ਸਕੀਮ ਦਾ ਲਾਭ ਲੈ ਸਕਦੇ ਨੇ। ਉਨ੍ਹਾਂ ਕਿਹਾ ਕਿ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਸਭਾਵਾਂ ਜਾਂ ਹੋਰ ਅਦਾਰੇ ਕਾਮਨ ਹਾਇਰਿੰਗ ਸੈਂਟਰ ਸਕੀਮ ਅਧੀਨ ਖੇਤੀ ਸੰਦਾਂ ਦੀ ਖ਼ਰੀਦ 'ਤੇ 80 ਫੀਸਦੀ

ਸਬਸਿਡੀ ਦਾ ਲਾਭ ਲੈ ਸਕਦੇ ਨੇ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ ਅਗਾਂਹਵਧੂ ਕਿਸਾਨ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਬੇਲਰ ਅਤੇ ਸੁਪਰਸੀਡਰਾਂ ਵਰਗੇ ਖੇਤੀ ਸੰਦਾਂ ਦੀ ਖ਼ਰੀਦ 'ਤੇ 50 ਫੀਸਦੀ ਸਬਸਿਡੀ ਦੇ ਹੱਕਦਾਰ ਹੋਣਗੇ। ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਸਕੀਮ ਪਰਾਲੀ ਸਾੜਨ ਨਾਲ ਹੋਣ ਵਾਲੇ ਵਾਤਾਵਰਣ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਮਦਦਗਾਰ ਸਾਬਤ ਹੋਵੇਗੀ । ਉਨ੍ਹਾਂ ਇਹ ਵੀ ਕਿਹਾ ਕਿ ਇਹ ਸਕੀਮ ਕਿਸਾਨਾਂ ਨੂੰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦਾ ਬਦਲ ਚੁਣਨ ਲਈ ਉਤਸ਼ਾਹਿਤ ਕਰਨ ਲਈ ਵੀ ਸਹਾਈ ਸਿੱਧ ਹੋਵੇਗੀ । ਉਨ੍ਹਾਂ ਕਿਸਾਨਾਂ ਨੂੰ ਇਸ ਯੋਜਨਾ ਦਾ ਲਾਭ ਉਠਾਉਣ ਦੀ ਅਪੀਲ ਕੀਤੀ।

---------------------------------------------------------------

ਓਧਰ ਪੰਜਾਬ ਸਰਕਾਰ ਨੇ ਕਿਸਾਨ ਆਗੂਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਕਈ ਮੰਗਾਂ ਪਹਿਲਾਂ ਹੀ ਲਾਗੂ ਕੀਤੀਆਂ ਜਾ ਚੁੱਕੀਆਂ ਨੇ ਅਤੇ ਬਾਕੀ ਰਹਿੰਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਏ । ਕਲ ਪੰਜਾਬ ਭਵਨ ਵਿਖੇ ਉਸਾਰੂ ਮਾਹੌਲ ਵਿੱਚ

ਹੋਈ ਇਸ ਮੀਟਿੰਗ ਵਿੱਚ ਮੁੱਖ ਮੰਤਰੀ ਦੇ ਵਿਸ਼ੇਸ਼ ਮੁੱਖ ਸਕੱਤਰ ਵੀ.ਕੇ. ਸਿੰਘ, ਵਿਸ਼ੇਸ਼ ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਸਮੇਤ ਹੋਰ ਕਈ ਸੀਨੀਅਰ ਅਧਿਕਾਰੀ ਸ਼ਾਮਲ ਸਨ। ਝੋਨੇ ਦੀ ਖਰੀਦ ਸਬੰਧੀ ਯਕੀਨ ਦਿਵਾਇਆ ਗਿਆ ਕਿ ਪੰਜਾਬ ਸਰਕਾਰ ਖਰੀਦ ਯਕੀਨੀ ਬਣਾਉਣ ਲਈ ਵਚਨਬੱਧ ਏ । ਇਸ ਸਬੰਧ ਵਿੱਚ ਆੜਤੀਆਂ ਅਤੇ ਰਾਈਸ ਮਿੱਲ ਮਾਲਕਾਂ ਨਾਲ ਮਸਲਿਆਂ ਦੇ ਹੱਲ ਲਈ ਗੱਲਬਾਤ ਜਾਰੀ ਏ । ਗੰਨਾ ਮਿੱਲਾਂ ਵੱਲੋਂ ਕਿਸਾਨਾਂ ਨੂੰ ਬਕਾਇਆ ਅਦਾਇਗੀਆਂ ਦੇ ਮਾਮਲੇ 'ਤੇ ਅਧਿਕਾਰੀਆਂ ਨੇ ਪੁਸ਼ਟੀ ਕੀਤੀ ਕਿ ਫਗਵਾੜਾ ਗੰਨਾ ਮਿੱਲ ਨੂੰ ਛੱਡ ਕੇ ਬਾਕੀ ਸਾਰੀਆਂ ਅਦਾਇਗੀਆਂ ਕਰ ਦਿੱਤੀਆਂ ਗਈਆਂ ਨੇ ਅਤੇ ਭਰੋਸਾ ਦਿਵਾਇਆ ਗਿਆ ਕਿ ਇਹ ਅਦਾਇਗੀਆਂ ਵੀ ਜਲਦੀ ਹੀ ਕਰ ਦਿੱਤੀਆਂ ਜਾਣਗੀਆਂ। ਕਿਸਾਨ ਯੂਨੀਅਨ ਦੀ ਨੁਮਾਇੰਦਗੀ ਸਰਵਣ ਸਿੰਘ ਪੰਧੇਰ, ਕਾਕਾ ਸਿੰਘ ਕੋਟੜਾ, ਸੁਰਜੀਤ ਸਿੰਘ ਫੂਲ, ਜਸਵਿੰਦਰ ਸਿੰਘ ਲੌਂਗੋਵਾਲ ਸਮੇਤ ਹੋਰਨਾਂ ਕਈ ਆਗੂਆਂ ਨੇ ਕੀਤੀ। ਕਿਸਾਨ ਸੰਘਰਸ਼ਾਂ ਦੌਰਾਨ ਜਾਨਾਂ ਗਵਾਉਣ ਵਾਲੇ ਕਿਸਾਨਾਂ ਦੇ ਪਰਿਵਾਰਕ ਮੈਂਬਰਾਂ ਨੂੰ ਨੌਕਰੀ ਦੇਣ ਦਾ ਮੁੱਦਾ ਮੁੱਖ ਤੌਰ ਤੇ ਵਿਚਾਰਿਆ ਗਿਆ। ਪੰਜਾਬ ਸਰਕਾਰ ਨੇ ਕਿਸਾਨ

ਆਗੂਆਂ ਨੂੰ ਭਰੋਸਾ ਦਿਵਾਇਆ ਕਿ ਅਜਿਹੇ 856 ਕਿਸਾਨਾਂ ਵਿੱਚੋਂ 99 ਫੀਸਦੀ ਦੇ ਕਰੀਬ ਪਰਿਵਾਰਾਂ ਨੂੰ ਪਹਿਲਾਂ ਹੀ ਸਰਕਾਰੀ ਨੌਕਰੀ ਅਤੇ ਸਹਾਇਤਾ ਪ੍ਰਦਾਨ ਕੀਤੀ ਜਾ ਚੁੱਕੀ ਏ , ਬਾਕੀ ਰਹਿੰਦੇ ਮਾਮਲੇ ਕਾਰਵਾਈ ਅਧੀਨ ਹਨ ਜਿੰਨਾਂ ਨੂੰ ਜਲਦੀ ਪੂਰਾ ਕਰਨ ਲਈ ਲੋੜੀਂਦੇ ਕ-

---------------------------------------------------------

ਫਰੀਦਕੋਟ ਜ਼ਿਲ੍ਹੇ ਦੇ ਪਿੰਡ ਸ਼ੇਰ ਸਿੰਘ ਵਾਲਾ ਦਾ ਅਗਾਂਹ ਵਧੂ ਕਿਸਾਨ ਬਲਵਿੰਦਰ ਸਿੰਘ ਜੋ ਕਿ ਪਿਛਲੇ 5 ਸਾਲਾਂ ਤੋ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਵਾਹ ਕੇ ਦੂਸਰੇ ਕਿਸਾਨਾਂ ਲਈ ਮਿਸਾਲ ਬਣ ਕੇ ਕੰਮ ਕਰ ਰਿਹਾ ਏ । ਕਿਸਾਨ ਬਲਵਿੰਦਰ ਸਿੰਘ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕਰਕੇ ਸਫਲ ਕਿਸਾਨ ਵੱਜੋ ਉਭਰ ਰਿਹਾ ਏ । ਬਲਵਿੰਦਰ ਸਿੰਘ ਨੇ ਦੱਸਿਆ ਉਹ ਝੋਨੇ ਦੀ ਪਰਾਲੀ ਨੂੰ ਐਮ.ਬੀ.ਪਲੋਅ ਨਾਲ ਜ਼ਮੀਨ ਵਿੱਚ ਹੀ ਦੱਬ ਦਿੰਦਾ ਏ । ਜਿਸ ਪਿੱਛੋ ਡਰਿੱਲ ਨਾਲ ਕਣਕ ਦੀ ਬਿਜਾਈ ਕਰਦਾ ਏ । ਉਨ੍ਹਾਂ ਦੱਸਿਆ ਕਿ ਉਹ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚ ਹੀ ਸੰਭਾਲ ਕੇ ਪਿਛਲੇ ਪੰਜ ਸਾਲ ਤੋ ਆਪਣੇ ਖੇਤਾਂ ਵਿੱਚ ਕਣਕ, ਬਾਸਮਤੀ, ਝੋਨੇ ਦੀ ਖੇਤੀ ਕਰ ਰਿਹਾ ਏ । ਬਲਵਿੰਦਰ ਸਿੰਘ ਨੇ ਕਿਸਾਨਾਂ ਨੂੰ ਅਪੀਲ

ਵੀ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਨਾ ਲਾਉਣ ਅਤੇ ਇਸਨੂੰ ਖੇਤ ਵਿੱਚ ਹੀ ਗਾਲਣ ਤਾਂ ਜੋ ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨ ਜਿਸ ਨਾਲ ਖੇਤੀ ਦੇ ਲਾਗਤ ਖਰਚੇ ਵੀ ਘੱਟ ਜਾਂਦੇ ਨੇ।

---------------------------------------------------------------

ਇਤਿਹਾਸਕ ਗੁਰਦੁਆਰਾ 9ਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਥੰਮ ਸਾਹਿਬ ਜੀ ਕਰਤਾਰਪੁਰ ਸਾਹਿਬ ਜਲੰਧਰ ਤੱਕ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਅਤੇ ਮਾਤਾ ਗੁਜਰੀ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ- ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਨਗਰ ਕੀਰਤਨ ਵਿਚ ਵੱਖ-ਵੱਖ ਜਥੇਬੰਦੀਆਂ, ਨਿਹੰਗ ਸਿੰਘ ਜਥੇਬੰਦੀਆਂ, ਸੰਤ ਮਹਾਪੁਰਖਾਂ, ਸ਼ਬਦ ਕੀਰਤਨੀ ਜਥਿਆਂ, ਸਕੂਲੀ ਬੱਚਿਆਂ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿਚ ਹਿੱਸਾ ਲਿਆ।

---------------------------------------------------------------

ਮੋਹਾਲੀ ਸਥਿਤ ਗੁਰਦੂਆਰਾ ਅੰਬ ਸਾਹਿਬ ਤੋਂ 31 ਮੈਂਬਰ ਜਥਾ ਅੱਜ ਪਾਕਿਸਤਾਨ ਵਿੱਚ ਗੁਰਧਾਮਾਂ ਦੇ ਦਰਸ਼ਨਾਂ ਲਈ ਰਵਾਨਾ ਹੋਇਆ। ਨਿਸਾਨ ਸਿੰਘ ਕਾਹਲੋ ਨੇ ਦੱਸਿਆ ਕਿ ਇਹ ਜਥਾ 7 ਅਕਤੂਬਰ ਨੂੰ ਵਾਹਗਾ ਬਾਡਰ ਤੋਂ ਪਾਕਿਸਤਾਨ 'ਚ ਦਾਖਲ ਹੋਵੇਗਾ । 8 ਅਕਤੂਬਰ ਅਤੇ 9 ਅਕਤੂਬਰ ਜਥਾ ਸ੍ਰੀ ਗੁਰੂ ਰਾਮਦਾਸ ਜੀ ਦੇ ਜਨਮ ਅਸਥਾਨ ਚੂਨਾਂ ਮੰਡੀ ਲਹੌਰ ਵਿੱਚ ਚਲ ਰਹੇ ਦੀਵਾਨਾਂ ਵਿੱਚ ਹਾਜਰੀ ਭਰੇਗਾ । 10 ਅਕਤਬਰ ਨੂੰ ਜੱਥਾ ਐਮਨਾਂਬਾਦ ਹੁੰਦਾ ਹੋਇਆ ਸ੍ਰੀ ਕਰਤਾਰ ਸਾਹਿਬ ਵਿਖੇ ਪੁਜੇਗਾ। 11 ਅਕਤੂਬਰ ਨੂੰ ਜੱਥਾ ਸਿਆਲਕੋਟ ਵਿੱਚ ਸਥਿਤ ਗੁਰਦੂਆਰਾ ਬਾਬੇ ਦੀ ਬੇਰੀ ਸਾਹਿਬ ਵਿੱਖੇ ਦਰਸ਼ਨ ਕਰਨ ਉਪਰੰਤ ਵਾਪਸ ਸ੍ਰੀ ਕਰਤਾਰਪੁਰ ਸਾਹਿਬ ਅਵੇਗਾ। ਇਸੇ ਤਰਾਂ ਦਰਸ਼ਨ ਕਰਦੇ ਹੋਏ 18 ਅਕਤੂਬਰ ਨੂੰ ਜੱਥਾ ਬੱਸ ਰਾਂਹੀ ਪੰਜਾਬ ਵਾਪਸ ਪਰਤੇਗਾ।

---

ਪੰਜਾਬ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਬਠਿੰਡਾ ਪੁਲਿਸ ਨਾਲ ਮਿਲਕੇ, ਜੱਸਾ ਬੁਰਜ ਗੈਂਗ ਦੇ ਸਰਗਨੇ ਜਸਪ੍ਰੀਤ ਸਿੰਘ ਉਰਫ਼ ਜੱਸਾ ਨੂੰ

ਉਸਦੇ ਤਿੰਨ ਸਾਥੀਆਂ ਨੂੰ 32 ਬੋਰ ਦੇ ਚਾਰ ਪਿਸਤੌਲਾਂ ਅਤੇ 11 ਅਣਚਲੇ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ, ਡਕੈਤੀ ਦੀ ਇੱਕ ਸੰਭਾਵੀ ਵਾਰਦਾਤ ਨੂੰ ਨਾਕਾਮ ਕੀਤਾ ਏ। ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਨੇ ਚੰਡੀਗੜ੍ਹ ਵਿਚ ਦੱਸਿਆ ਕਿ ਫੜੇ ਗਏ ਤਿੰਨਾਂ ਮੁਲਜ਼ਮਾਂ ਦੀ ਪਛਾਣ ਪਿੰਡ ਗੁਲਾਬਗੜ੍ਹ ਦੇ ਕਰਨਵੀਰ ਸਿੰਘ ਉਰਫ ਕਰਨੀ , ਪਿੰਡ ਚੱਠਾ ਦੇ ਰੇਸ਼ਮ ਸਿੰਘ ਅਤੇ ਪਿੰਡ ਸੇਖੂ ਦੇ ਹਰਦੀਪ ਸਿੰਘ ਉਰਫ ਅਰਸ਼ੀ ਵਜੋਂ ਹੋਈ ਏ। ਉਹਨਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਸਾਰੇ ਮੁਲਜ਼ਮਾਂ ਦਾ ਅਪਰਾਧਿਕ ਰਿਕਾਰਡ ਏ ਅਤੇ ਉਹ ਹਥਿਆਰਾਂ ਦੀ ਸਪਲਾਈ, ਖੋਹ, ਅਗਵਾ ਅਤੇ ਹੋਰ ਅਪਰਾਧਾਂ ਵਿੱਚ ਸ਼ਾਮਲ ਸਨ। DGP ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦਿਆਂ ਟੀਮਾਂ ਅਤੇ ਬਠਿੰਡਾ ਪੁਲਿਸ ਨੇ ਬਠਿੰਡਾ ਦੇ ਰਿੰਗ ਰੋਡ ਤੋਂ ਮੁਲਜ਼ਮਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ‘ਚੋਂ ਅਸਲਾ ਬਰਾਮਦ ਕੀਤਾ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਹ ਗੱਲ ਸਾਹਮਣੇ ਆਈ ਏ ਕਿ ਮੁਲਜ਼ਮ ਬਠਿੰਡਾ ਜ਼ਿਲ੍ਹੇ ਦੇ ਰਾਮਾ ਮੰਡੀ ਇਲਾਕੇ ਵਿੱਚ ਇੱਕ ਫਾਈਨਾਂਸਰ ਨੂੰ ਨਿਸ਼ਾਨਾ ਬਣਾ ਕੇ ਡਕੈਤੀ ਦੀ ਯੋਜਨਾ ਬਣਾ ਰਹੇ ਸਨ।

ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਏ । ਬਠਿੰਡਾ ਦੇ ਐੱਸ.ਐੱਸ.ਪੀ ਅਮਨੀਤ ਕੋਂਡਲ ਨੇ ਦੱਸਿਆ ਕਿ ਮੁਲਜ਼ਮ ਜਸਪ੍ਰੀਤ ਸਿੰਘ ਉਰਫ਼ ਜੱਸਾ ਅਤੇ ਉਸ ਦੇ ਸਾਥੀਆਂ ਨੂੰ ਪਿਛਲੇ ਮਹੀਨੇ ਡੀ.ਏ.ਵੀ ਕਾਲਜ ਬਠਿੰਡਾ ਵਿੱਚ ਵਾਪਰੀ ਹਿੰਸਕ ਘਟਨਾ ਵਿੱਚ ਵੀ ਸ਼ਾਮਲ ਪਾਇਆ ਗਿਆ ਸੀ। ਦੋਸ਼ੀ ਘਿਨਾਉਣੇ ਅਪਰਾਧ ਦੇ ਘੱਟੋ-ਘੱਟ 11 ਅਪਰਾਧਿਕ ਮਾਮਲਿਆਂ ਦਾ ਸਾਹਮਣਾ ਕਰ ਰਿਹਾ ਏ ।

-------------------------------------------------------

ਖਰੜ ਦੁਸ਼ਹਿਰਾ ਕਮੇਟੀ ਵਲੋਂ ਨਰਾਤਿਆਂ ਤੋਂ ਲੈਕੇ ਦੁਸਹਿਰੇ ਤਕ ਵੱਖ ਵੱਖ ਝਾਂਕੀਆਂ ਹਰ ਸਾਲ ਕੱਢ ਕੇ ਸ਼ਹਿਰ ਵਾਸੀਆਂ ਨੂੰ ਆਪਣੇ ਪ੍ਰਾਚੀਨ ਵਿਰਸੇ, ਧਾਰਮਿਕ ਆਸਥਾ ਅਤੇ ਸੰਸਕ੍ਰਿਤੀ ਨਾਲ ਜੋੜਨ ਦਾ ਯਤਨ ਕੀਤਾ ਜਾ ਰਿਹਾ ਏ । ਬੀਤੇ ਦਿਨੀ ਖਰੜ ਨਗਰ ਕੌਂਸਲ ਪ੍ਰਧਾਨ ਜਸਪ੍ਰੀਤ ਕੌਰ ਲੌਂਗੀਆ ਨੇ ਝਾਕੀਆਂ ਨੂੰ ਰਵਾਨਾ ਕੀਤਾ । ਕਮੇਟੀ ਦੇ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ ਤੇ ਸਮੂਹ ਕਮੇਟੀ ਮੈਂਬਰਾਂ ਨੂੰ ਵਧਾਈ ਦਿੰਦਿਆਂ ਨਵੀਂ ਪੀੜੀ ਨੂੰ ਆਪਣੇ ਵਿਰਸੇ ਨਾਲ ਜੋੜਨ ਦੀ ਸ਼ਲਾਘਾ ਕੀਤੀ । ਓਨਾਂ ਹੋਰਨਾਂ ਲੋਕਾਂ ਨੂੰ ਵੀ ਅਜਿਹੇ ਨੇਕ ਸਮਾਜਿਕ ਕੰਮਾਂ ਲਈ

ਪ੍ਰੇਰਿਤ ਹੁੰਦੇ ਹੋਏ ਅੱਗੇ ਆ ਕੇ ਦੇਸ਼ ਨੂੰ ਹੋਰ ਮਜਬੂਤ ਬਨਾਉਣ ਲਈ ਅਪੀਲ ਕੀਤੀ ।

---------------------------------------------------------------

ਬਰਨਾਲਾ ਦੇ ਜਿਲ੍ਹਾ ਅਤੇ ਸੈਸ਼ਨ ਜ਼ੱਜ਼ ਬੀ.ਬੀ.ਐਸ. ਤੇਜੀ ਦੀ ਯੋਗ ਅਗਵਾਈ ਹੇਠ ਲੋਕਾਂ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ, ਵਾਈ.ਐਸ. ਕਾਲਜ ਦੀ ਟੀਮ ਦੇ ਸਹਿਯੋਗ ਨਾਲ ਕੋਰਟ ਕੰਪਲੈਕਸ ਵਿਖੇ ਇੱਕ ਨੁੱਕੜ ਨਾਟਕ ਕਰਵਾਇਆ ਗਿਆ। ਨਾਟਕ ਦਾ ਮੁੱਖ ਉਦੇਸ਼ ਲੋਕਾਂ ਨੂੰ ਨਸ਼ਿਆ ਕਾਰਨ ਪੈਣ ਵਾਲੇ ਮਾੜੇ ਅਸਰ ਅਤੇ ਉਸ ਤੋਂ ਬਾਅਦ ਆਉਣ ਵਾਲੀਆਂ ਦਿਕਤਾਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨਾ ਸੀ, ਤਾਂ ਜ਼ੋ ਅੱਜ ਦਾ ਯੂਥ ਇਸ ਤੋਂ ਦੂਰ ਹੋ ਸਕੇ । ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਕੱਤਰ ਮਦਨ ਲਾਲ ਨੇ ਕਿਹਾ ਕਿ ਨਸ਼ਾ ਕੇਵਲ ਉਸ ਵਿਅਕਤੀ ਦਾ ਖਾਤਮਾ ਹੀ ਨਹੀਂ ਕਰਦਾ ਸਗੋਂ ਵਸਦੇ ਘਰਾਂ ਨੂੰ ਵੀ ਉਜਾੜ ਦਿੰਦਾ ਏ । ਨਸ਼ਾ ਕਰਨ ਵਾਲੇ ਵਿਅਕਤੀ ਨੂੰ ਸਮਾਜ ਦੇ ਲੋਕ ਪੰਸਦ ਨਹੀਂ ਕਰਦੇ ਅਤੇ ਉਹ ਆਪਣੀਆਂ

ਆਉਣ ਵਾਲੀਆਂ ਪੀੜੀਆਂ ਲਈ ਵੀ ਮਾਰੂ ਸਾਬਿਤ ਹੁੰਦੇ ਨੇ ।

---------------------------------------------------------------

ਭਾਰਤ ਅਤੇ ਬੰਗਲਾਦੇਸ਼ ਵਿਚਾਲੇ ਮਰਦਾਂ ਦਾ ਤਿੰਨ ਟੀ-20 ਕ੍ਰਿਕਟ ਲੜੀ ਦਾ ਪਹਿਲਾ ਮੈਚ ਅੱਜ ਸ਼ਾਮ 7 ਵਜੇ ਗਵਾਲੀਅਰ 'ਚ ਖੇਡਿਆ ਜਾਵੇਗਾ। ਓਧਰ ਦੂਬਈ 'ਚ ਖੇਡੇ ਜਾ ਰਹੇ ਔਰਤਾਂ ਦੇ ਟੀ-20 ਕ੍ਰਿਕਟ ਵਿਸ਼ਵ ਕੱਪ 'ਚ ਦੇ ਮੈਚ ਵਿਚ ਭਾਰਤ ਦਾ ਸਾਹਮਣਾ ਪਾਕਿਸਤਾਨ ਨਾਲ ਹੋ ਰਿਹਾ ਏ । ਪਹਿਲਾ ਬੱਲੇਬਾਜ਼ੀ ਕਰਦਿਆਂ ਪਾਕਿਸਤਾਨ ਨੇ ਤੈਅ 20 ਓਵਰਾਂ ਵਿਚ 8 ਵਿਕਟਾਂ ਦੇ ਨੁਕਸਾਨ ਤੇ 105 ਦੌੜਾਂ ਬਣਾਈਆਂ ।

---------------------------------------------------------------

- ਜੰਮੂ ਕਸ਼ਮੀਰ ਅਤੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ, ਮੰਗਲਵਾਰ ਨੂੰ ਹੋਣ ਵਾਲੀ ਵੋਟਾਂ ਦੀ ਗਿਣਤੀ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ।
- ਪੰਜਾਬ ਦੇ ਸਹਿਕਾਰੀ ਬੈਂਕਾਂ ਵਲੋਂ ਸੂਬੇ ਭਰ ਵਿੱਚ ਫਸਲੀ ਰਹਿੰਦ-ਖੂੰਹਦ ਪ੍ਰਬੰਧਨ ਕਰਜ਼ਾ ਯੋਜਨਾ ਦੀ ਸ਼ੁਰੂਆਤ ।

- 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਅਤੇ ਮਾਤਾ ਗੁਜਰੀ ਜੀ ਦੇ ਵਿਆਹ ਪੂਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ।
- ਭਾਰਤ ਅਤੇ ਬੰਗਲਾਦੇਸ਼ ਵਿਚਾਲੇ ਮਰਦਾਂ ਦਾ ਤਿੰਨ ਟੀ-20 ਕ੍ਰਿਕਟ ਲੜੀ ਦਾ ਪਹਿਲਾ ਮੈਚ ਅੱਜ ਸ਼ਾਮ 7 ਵਜੇ ਗਵਾਲੀਅਰ 'ਚ ਖੇਡਿਆ ਜਾਵੇਗਾ ।